28-Oct-FZR-ABH-Pages.qxd 10/28/2025 9:34 PM Page 3









ਜ਼ੀਰਾ ਦੇ ਪਿੰਡ ਵਕੀਲਾਂ ਵਾਲਾ ਵਿਖੇ ਕਰਵਾਏ ਸੈਮੀਨਾਰ ਦੌਰਾਨ ਬੱਚਿਆਂ ਨੂੰ ਭ੍ਰਿਸ਼ਟਾਚਾਰ ਦੇ ਖ਼ਿਲਾਫ਼ ਪ੍ਰਣ ਦਿਵਾਉਂਦੇ ਕਮੇਟੀ ਦੇ ਆਗੂ ਅਤੇ ਹਾਜ਼ਰ ਅਧਿਆਪਕ। ਤਸਵੀਰ-ਪ੍ਰਤਾਪ ਸਿੰਘ ਹੀਰਾ

## ਐਨ. ਜੀ. ਓ. ਕੋਆਰਡੀਨੇਸ਼ਨ ਕਮੇਟੀ ਵਲੋਂ ਸਕੂਲ 'ਚ ਸੈਮੀਨਾਰ ਕਰਵਾਇਆ

ਜ਼ੀਰਾ, 28 ਅਕਤੂਬਰ(ਪ੍ਰਤਾਪ ਸਿੰਘ ਹੀਰਾ)-ਜ਼ਿਲ੍ਹਾ ਫਿਰੋਜ਼ਪੁਰ ਐਨ.ਜੀ.ਓ ਕੋਆਰਡੀਨੇਸ਼ਨ ਕਮੇਟੀ ਜ਼ੀਰਾ ਵਲੋਂ ਨੇੜਲੇ ਪਿੰਡ ਵਕੀਲਾਂ ਵਾਲਾ ਦੇ ਸਰਕਾਰੀ ਸਕੂਲ ਸਕੂਲ ਵਿਚ ਭ੍ਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਮੁੱਖ-ਅਧਿਆਪਕ ਵਿਸ਼ੇਸ਼ ਸਚਦੇਵਾ ਦੀ ਅਗਵਾਈ ਹੇਠ ਕਰਵਾਏ ਗਏ ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਲੈਕਚਰਾਰ ਨਰਿੰਦਰ ਸਿੰਘ ਪ੍ਰਧਾਨ ਐਨ.ਜੀ.ਓ ਜ਼ੀਰਾ ਨੇ ਕਿਹਾ ਕਿ ਭ੍ਰਿਸ਼ਟਾਚਾਰ ਇਕ ਸਮਾਜਿਕ ਬੁਰਾਈ ਹੈ। ਦਫ਼ਤਰਾਂ ਵਿਚ ਭ੍ਰਿਸ਼ਟਾਚਾਰ ਉਸ ਵੇਲੇ ਪੈਦਾ ਹੁੰਦਾ ਹੈ, ਜਦੋਂ ਸਾਡੇ ਕੋਲ ਸਹੀ ਡਾਕੂਮੈਂਟ ਨਹੀਂ ਹੁੰਦੇ ਅਤੇ ਅਸੀਂ ਰਿਸ਼ਵਤ ਦੇ ਕੇ ਆਪਣਾ ਕੰਮ ਕਰਵਾਉਣਾ ਚਾਹੁੰਦੇ ਹਾਂ। ਜਦ ਕਿ ਰਿਸ਼ਵਤ ਲੈਣਾ ਅਤੇ ਦੇਣਾ ਦੋਵੇਂ ਜੁਰਮ ਹੈ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਵਿਰੁੱਧ ਆਵਾਜ਼ ਬੁਲੰਦ ਕਰਨਾ ਹਰ ਨਾਗਰਿਕ ਦੀ ਨੈਤਿਕ ਜ਼ਿੰਮੇਵਾਰੀ ਹੈ। ਰਾਸ਼ਟਰ ਦੀ ਖ਼ੁਸ਼ਹਾਲੀ ਲਈ ਇਮਾਨਦਾਰ ਸੱਭਿਆਚਾਰ ਦਾ ਹੋਣਾ ਬਹੁਤ ਜ਼ਰੂਰੀ ਹੈ। ਭ੍ਰਿਸ਼ਟਾਚਾਰ ਤੋਂ ਮੁਕਤੀ ਲਈ ਇੱਕਜੁੱਟ ਹੋਣਾ ਬਹੁਤ ਜ਼ਰੂਰੀ ਹੈ। ਇਸ ਸਮੇਂ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਸਿਰਜਣਾ ਅਤੇ ਦੇਸ਼ ਦੇ ਹਿਤ ਲਈ ਸਹੁੰ ਵੀ ਚੁਕਾਈ ਗਈ। ਇਸ ਸਮੇਂ ਸੀਨੀਅਰ ਸਿਟੀਜ਼ਨ ਕੌਂਸਲ ਦੇ ਪ੍ਰਧਾਨ ਅਸ਼ੋਕ ਕੁਮਾਰ ਪਲਤਾ ਲੈਕਚਰਾਰ , ਮੁੱਖ ਅਧਿਆਪਕ ਵਿਸ਼ੇਸ਼ ਸਚਦੇਵਾ, ਸਕੂਲ ਸਟਾਫ਼ ਵਿਚ ਸਰਬਜੀਤ ਸਿੰਘ ਕਲਸੀ, ਗੁਰਪਾਲ ਸਿੰਘ, ਹਰਦੀਪ ਸਿੰਘ, ਮਨੀਸ਼ਾ ਰਾਣੀ, ਪਰਮਿੰਦਰ ਕੌਰ, ਰਾਜਨਪ੍ਰੀਤ ਸਿੰਘ, ਰਾਜਵਿੰਦਰ ਕੌਰ ਆਦਿ ਅਧਿਆਪਕ ਹਾਜ਼ਰ ਸਨ। ਇਸੇ ਦੌਰਾਨ ਮੁੱਖ ਅਧਿਆਪਕ ਵਿਸ਼ੇਸ਼ ਸਚਦੇਵਾ ਨੇ ਐਨ.ਜੀ.ਓ ਕੋਆਰਡੀਨੇਸ਼ਨ ਕਮੇਟੀ ਜ਼ੀਰਾ ਦਾ ਸੈਮੀਨਾਰ ਲਾਉਣ ਲਈ ਧੰਨਵਾਦ ਕੀਤਾ ਗਿਆ।

## ਫ਼ਿਰੋਜਪੁਰ ਦੇ ਪੰਚਾਇਤ ਸਕੱਤਰ ਬਲਵਿੰਦਰ ਸਿੰਘ ਦਾ ਨਾਂਅ ਇੰਡੀਆ, ਏਸ਼ੀਆ ਅਤੇ ਗੋਲਡਨ ਬੁੱਕ ਆਫ਼ ਵਰਲਡ ਰਿਕਾਰਡਜ਼ 'ਚ ਦਰਜ

**50 ਤੋਂ ਵੱਧ ਡਿਗਰੀਆਂ, ਡਿਪਲੋਮੇ ਅਤੇ ਕੋਰਸ ਕਰ ਚੁੱਕਾ ਹੈ ਬਲਵਿੰਦਰ ਸਿੰਘ**



ਮਿਲੇ ਸਨਮਾਨਾਂ ਨਾਲ ਪੰਚਾਇਤ ਸਕੱਤਰ ਬਲਵਿੰਦਰ ਸਿੰਘ ਅਤੇ ਇੰਡੀਆ, ਏਸ਼ੀਆ ਅਤੇ ਗੋਲਡਨ ਵਰਲਡ ਰਿਕਾਰਡਜ਼ ਵਲੋਂ ਦਿੱਤੇ ਸਨਮਾਨ ਪੱਤਰ। ਤਸਵੀਰਾਂ-ਗੁਰਿੰਦਰ ਸਿੰਘ

ਫ਼ਿਰੋਜ਼ਪੁਰ, 28 ਅਕਤੂਬਰ (ਗੁਰਿੰਦਰ ਸਿੰਘ)-ਕਹਿੰਦੇ ਹਨ ਜੇ ਹੌਸਲੇ ਬੁਲੰਦ ਹੋਣ ਤਾਂ ਕੋਈ ਰੁਕਾਵਟ ਮੰਜ਼ਿਲ ਤੋਂ ਦੂਰ ਨਹੀਂ ਰੱਖ ਸਕਦੀ। ਇਸ ਗੱਲ ਨੂੰ ਸੱਚ ਕਰ ਦਿਖਾਇਆ ਹੈ ਫ਼ਿਰੋਜ਼ਪੁਰ ਦੇ ਪੰਚਾਇਤ ਸਕੱਤਰ ਬਲਵਿੰਦਰ ਸਿੰਘ ਨੇ, ਜਿਨ੍ਹਾਂ ਨੇ ਅੱਖਾਂ ਦੀ ਗੰਭੀਰ ਬਿਮਾਰੀ ਅਤੇ ਸਰਕਾਰੀ ਨੌਕਰੀ ਦੇ ਬਾਵਜੂਦ ਸਿੱਖਿਆ ਨਾਲ ਅਟੱਲ ਨਾਤਾ ਕਾਇਮ ਰੱਖਦਿਆਂ 50 ਤੋਂ ਵੱਧ ਡਿਗਰੀਆਂ, ਕੋਰਸ ਪਾਸ ਕੀਤੇ ਹਨ। ਉਨ੍ਹਾਂ ਦੀ ਇਸ ਅਦਭੁਤ ਸਿੱਖਿਆ ਪ੍ਰਾਪਤੀ ਦੇ ਮੱਦੇਨਜ਼ਰ ਉਨ੍ਹਾਂ ਦਾ ਨਾਮ ਇੰਡੀਆ ਬੁੱਕ ਆਫ਼ ਰਿਕਾਰਡਜ਼, ਏਸ਼ੀਆ ਬੁੱਕ ਆਫ਼ ਰਿਕਾਰਡਜ਼ ਅਤੇ ਗੋਲਡਨ ਬੁੱਕ ਆਫ਼ ਵਰਲਡ ਰਿਕਾਰਡਜ਼ ਵਿਚ ਦਰਜ ਹੋ ਚੁੱਕਾ ਹੈ। ਪੰਚਾਇਤ ਸੰਮਤੀ ਫ਼ਿਰੋਜ਼ਪੁਰ ਵਿਚ ਮਾਰਚ 2004 ਤੋਂ ਬਤੌਰ ਪੰਚਾਇਤ ਸਕੱਤਰ ਸੇਵਾਵਾਂ ਨਿਭਾਅ ਰਹੇ ਬਲਵਿੰਦਰ ਸਿੰਘ ਨੇ ਦੱਸਿਆ ਕਿ ਸਰਕਾਰੀ ਨੌਕਰੀ ਵਿਚ ਆਉਣ ਦੇ ਬਾਵਜੂਦ ਉਨ੍ਹਾਂ ਪੜ੍ਹਾਈ ਨਾਲ ਆਪਣਾ ਨਾਤਾ ਬਰਕਰਾਰ ਰੱਖਿਆ। ਉਨ੍ਹਾਂ ਦੱਸਿਆ ਕਿ ਉਹ ਵਿਕਾਸ ਅਤੇ ਹੋਰ ਵਿਸ਼ਿਆਂ ਵਿਚ ਪੱਤਰ ਵਿਹਾਰ ਅਤੇ ਬਤੌਰ ਪ੍ਰਾਈਵੇਟ, ਪਾਰਟ ਟਾਈਮ ਪ੍ਰੀਖਿਆਰਥੀ ਵਜੋਂ 10 ਵਿਸ਼ਿਆਂ ਵਿਚ ਮਾਸਟਰਜ਼, 6 ਪੋਸਟ ਗ੍ਰੈਜੂਏਟ, ਡਿਪਲੋਮੇ, ਡਿਪਲੋਮੇ, ਪੀ.ਜੀ ਸਰਟੀਫਿਕੇਟ, ਸਰਟੀਫਿਕੇਟ ਅਤੇ ਹੋਰ ਪ੍ਰਸੰਸਾ ਸਰਟੀਫਿਕੇਟ ਸਮੇਤ ਵੱਖ ਵੱਖ ਯੂਨੀਵਰਸਿਟੀਆਂ ਜਿਵੇਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਪੰਜਾਬੀ ਯੂਨੀਵਰਸਿਟੀ ਪਟਿਆਲਾ, ਇਗਨੋ, ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ ਤੋਂ ਇਲਾਵਾ ਵੱਖ ਵੱਖ ਯੂਨੀਵਰਸਿਟੀਆਂ ਤੋਂ 3 ਵਿਸ਼ਿਆਂ ਵਿਚ ਐੱਮ.ਬੀ.ਏ ਕਰਨ ਉਪਰੰਤ ਹੁਣ ਸਲਾਈਟ ਯੂਨੀਵਰਸਿਟੀ ਲੌਂਗੋਵਾਲ ਤੋਂ ਮੈਨੇਜਮੈਂਟ ਵਿਸ਼ੇ ਵਿਚ ਪੀ.ਐੱਚ.ਡੀ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਖਾਂ ਦੀ ਗੰਭੀਰ ਬਿਮਾਰੀ ਤੋਂ ਪੀੜਤ ਹੋਣ ਅਤੇ ਸਰਕਾਰੀ ਨੌਕਰੀ ਵਿਚ ਹੋਣ ਦੇ ਬਾਵਜੂਦ 50 ਤੋਂ ਵੱਧ ਕੋਰਸ ਪਾਸ ਕਰਨ 'ਤੇ ਉਨ੍ਹਾਂ ਦਾ ਨਾਂ ਇੰਡੀਆ ਬੁੱਕ ਆਫ਼ ਰਿਕਾਰਡਜ਼, ਏਸ਼ੀਆ ਬੁੱਕ ਆਫ਼ ਰਿਕਾਰਡਜ਼ ਅਤੇ ਗੋਲਡਨ ਬੁੱਕ ਆਫ਼ ਵਰਲਡ ਰਿਕਾਰਡਜ਼ ਵਿਚ ਦਰਜ ਹੋ ਚੁੱਕਾ ਹੈ। ਗੱਲਬਾਤ ਕਰਦਿਆਂ ਪੰਚਾਇਤ ਸਕੱਤਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਗੋਲਡਨ ਬੁੱਕ ਆਫ਼ ਵਰਲਡ ਰਿਕਾਰਡ ਵਲੋਂ ਉਨ੍ਹਾਂ ਦਾ ਨਾਂ ਸਾਲ 2026 ਆਡੀਸ਼ਨ ਲਈ ਦਰਜ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ ਅਤੇ ਸਬੰਧਿਤ ਸੰਸਥਾਵਾਂ ਵਲੋਂ ਗੋਲਡ ਮੈਡਲ ਅਤੇ ਸਰਟੀਫਿਕੇਟ ਵੀ ਜਾਰੀ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਅੱਖਾਂ ਦੀ ਬਿਮਾਰੀ ਤੋਂ ਪੀੜਤ ਹੋਣ ਦੇ ਬਾਵਜੂਦ ਸਿੱਖਿਆ ਪ੍ਰਾਪਤੀ ਨਾਲੋਂ ਆਪਣਾ ਨਾਤਾ ਤੋੜਿਆ ਨਹੀਂ। ਬਲਵਿੰਦਰ ਸਿੰਘ ਨੇ ਦੱਸਿਆ ਕਿ ਅਕਾਲੀ ਸਰਕਾਰ ਵਲੋਂ ਇਹਨਾਂ ਨੂੰ ਪੀ.ਸੀ.ਐੱਸ ਨਾਮਜ਼ਦ ਕਰਨ ਦਾ ਭਰੋਸਾ ਦਿੱਤਾ ਗਿਆ ਸੀ ਅਤੇ ਵਿਭਾਗੀ ਅਧਿਕਾਰੀਆਂ ਵਲੋਂ ਇਸ ਸਬੰਧੀ ਲਿਖਤੀ ਸਿਫ਼ਾਰਸ਼ਾਂ ਵੀ ਕੀਤੀਆਂ ਗਈਆਂ ਸਨ ਪਰ ਅੱਜ ਤੱਕ ਇਸ ਕੇਸ ਨੂੰ ਅਮਲੀ ਰੂਪ ਨਹੀਂ ਦਿੱਤਾ ਜਾ ਸਕਿਆ।



ਨਾਮਦੇਵ ਸੋਸਾਇਟੀ ਜ਼ੀਰਾ ਦੇ ਮੈਂਬਰ ਮੀਟਿੰਗ ਦੌਰਾਨ। ਤਸਵੀਰ-ਪ੍ਰਤਾਪ ਸਿੰਘ ਹੀਰਾ

## ਸ਼੍ਰੋਮਣੀ ਭਗਤ ਬਾਬਾ ਨਾਮਦੇਵ ਦਾ ਜਨਮ ਦਿਵਸ ਮਨਾਉਣ ਸੰਬੰਧੀ ਮੀਟਿੰਗ

ਜ਼ੀਰਾ, 28 ਅਕਤੂਬਰ(ਪ੍ਰਤਾਪ ਸਿੰਘ ਹੀਰਾ)-ਸ਼੍ਰੋਮਣੀ ਭਗਤ ਨਾਮਦੇਵ ਦਾ 755 ਵਾਂ ਜਨਮ ਦਿਵਸ ਮਨਾਉਣ ਸਬੰਧੀ ਭਗਤ ਨਾਮਦੇਵ ਸੇਵਾ ਸੋਸਾਇਟੀ ਜ਼ੀਰਾ ਦੀ ਇਕ ਵਿਸ਼ੇਸ਼ ਮੀਟਿੰਗ ਗੁਰਦੁਆਰਾ ਸਿੰਘ ਸਭਾ ਵਿਖੇ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਸੁਸਾਇਟੀ ਮੈਂਬਰ ਐਡਵੋਕੇਟ ਨਵਦੀਪ ਸਿੰਘ ਕਰੀਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦਾ ਜਨਮ ਦਿਵਸ ਸਮੂਹ ਸੰਗਤ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਦੋ ਨਵੰਬਰ ਦਿਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਦੇ ਭੋਗ ਉਪਰੰਤ ਭਾਈ ਸਿਮਰਨਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕਰਨਗੇ ਅਤੇ ਕਥਾਵਾਚਕ ਭਾਈ ਗੁਰਜੰਟ ਸਿੰਘ ਸੁਲਤਾਨਪੁਰ ਲੋਧੀ ਵਾਲੇ ਭਗਤ ਬਾਬਾ ਨਾਮਦੇਵ ਦੇ ਜੀਵਨ ਸਬੰਧੀ ਸੰਗਤਾਂ ਨਾਲ ਸਾਂਝ ਪਾਉਣਗੇ। ਉਹਨਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਸਮਾਗਮ ਵਿਚ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਮੀਟਿੰਗ ਵਿਚ ਡਾਕਟਰ ਆਤਮਾ ਸਿੰਘ ਸਾਬਕਾ ਪ੍ਰਧਾਨ ਗੁਰਦੁਆਰਾ ਸਿੰਘ ਸਭਾ, ਜਸਵੰਤ ਸਿੰਘ ਨਾਮਦੇਵ, ਗੁਰਪ੍ਰੀਤ ਸਿੰਘ ਨਾਮਦੇਵ ਵਿਜ਼ਨ, ਮੰਗਲ ਸਿੰਘ, ਲੈਕਚਰਾਰ ਤਜਿੰਦਰ ਸਿੰਘ, ਡਾ. ਹਰਦੀਪ ਸਿੰਘ, ਚਰਨਪ੍ਰੀਤ ਸਿੰਘ ਸੋਨੂੰ, ਡਾ. ਕੁਲਦੀਪ ਸਿੰਘ ਕਰੀਰ, ਚੰਚਲ ਸਿੰਘ, ਅਮਰੀਕ ਸਿੰਘ ਔਲਖ ਐਮ.ਸੀ, ਅਮਰਜੀਤ ਸਿੰਘ, ਮਾਸਟਰ ਨਿਸ਼ਾਨ ਸਿੰਘ, ਪਰਮਜੀਤ ਸਿੰਘ ਕਰੀਰ, ਗੁਰਪ੍ਰੀਤ ਸਿੰਘ ਕਾਕਾ ਜੇ.ਸੀ.ਬੀ, ਪਰਮਿੰਦਰ ਸਿੰਘ ਬੰਟੀ, ਮਨਜੀਤ ਸਿੰਘ ਨਾਮਦੇਵ, ਐਡਵੋਕੇਟ ਗੁਰਵੀਰ ਸਿੰਘ ਮਹਿਲ, ਐਡਵੋਕੇਟ ਸੁਖਬੀਰ ਸਿੰਘ, ਡਾ. ਹਰਵਿੰਦਰ ਸਿੰਘ, ਡਾ. ਜਗੀਰ ਸਿੰਘ, ਮੁਖ਼ਤਿਆਰ ਸਿੰਘ, ਦੀਦਾਰ ਸਿੰਘ, ਸੁੱਚਾ ਸਿੰਘ, ਡਾਕਟਰ ਪਰਮਪ੍ਰੀਤ ਸਿੰਘ ਸ਼ੇਖ਼ਾ, ਹਰਬੰਸ ਸਿੰਘ ਰਿਟਾਇਰਡ ਸੁਪਰਡੈਂਟ ਆਦਿ ਹਾਜ਼ਰ ਸਨ।



ਹਲਕਾ ਫਿਰੋਜ਼ਪੁਰ ਦਿਹਾਤੀ ਇੰਚਾਰਜ ਅਮਰਦੀਪ ਸਿੰਘ ਆਸ਼ੂ ਬੰਗੜ ਗਠਨ ਟੀਮਾਂ ਦੇ ਮੈਂਬਰਾਂ ਨੂੰ ਸਨਮਾਨਿਤ ਕਰਦੇ ਹੋਏ। ਅਜੀਤ ਤਸਵੀਰ

## ਕਾਂਗਰਸੀ ਉਮੀਦਵਾਰ ਕਰਨਵੀਰ ਸਿੰਘ ਬੁਰਜ ਦੇ ਹੱਕ 'ਚ ਚੋਣ ਪ੍ਰਚਾਰ ਲਈ ਆਸ਼ੂ ਬੰਗੜ ਵਲੋਂ ਟੀਮਾਂ ਦਾ ਗਠਨ

ਫਿਰੋਜ਼ਪੁਰ, 28 ਅਕਤੂਬਰ(ਸੁਖਵਿੰਦਰ ਸਿੰਘ)-ਵਿਧਾਨ ਸਭਾ ਹਲਕਾ ਤਰਨਤਾਰਨ ਦੀ 11 ਨਵੰਬਰ ਨੂੰ ਹੋਣ ਵਾਲੀ ਜ਼ਿਮਨੀ ਚੋਣ ਨੂੰ ਧਿਆਨ ਵਿਚ ਰੱਖਦੇ ਹੋਏ ਕਾਂਗਰਸ ਪਾਰਟੀ ਵਲੋਂ ਚੋਣ ਪ੍ਰਚਾਰ ਨੂੰ ਮਜ਼ਬੂਤ ਬਣਾਉਣ ਲਈ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਵੱਖ-ਵੱਖ ਟੀਮਾਂ ਦਾ ਗਠਨ ਆਸ਼ੂ ਬੰਗੜ ਵਲੋਂ ਕੀਤਾ ਗਿਆ। ਜਾਣਕਾਰੀ ਸਾਂਝੀ ਕਰਦਿਆਂ ਕਾਂਗਰਸ ਦੇ ਹਲਕਾ ਫਿਰੋਜ਼ਪੁਰ ਦਿਹਾਤੀ ਇੰਚਾਰਜ ਆਸ਼ੂ ਬੰਗੜ ਨੇ ਕਿਹਾ ਕਿ ਤਰਨ ਤਾਰਨ ਹਲਕੇ ਦੀ ਜ਼ਿਮਨੀ ਚੋਣ ਵਿਚ ਕਾਂਗਰਸ ਦੇ ਉਮੀਦਵਾਰ ਕਰਨਵੀਰ ਸਿੰਘ ਬੁਰਜ ਦੇ ਹੱਕ ਵਿਚ ਪਾਰਟੀ ਵਰਕਰ ਜੋਸ਼ ਅਤੇ ਇੱਕਜੁੱਟਤਾ ਨਾਲ ਪ੍ਰਚਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਹੀ ਭਾਈਚਾਰਕ ਸਾਂਝ, ਲੋਕਤੰਤਰਿਕ ਮੁੱਲਾਂ ਅਤੇ ਜਨਤਾ ਦੀਆਂ ਉਮੀਦਾਂ 'ਤੇ ਖਰੀ ਉੱਤਰੀ ਹੈ, ਇਸੇ ਕਰਕੇ ਤਰਨਤਾਰਨ ਦੀ ਜਨਤਾ ਕਾਂਗਰਸ 'ਤੇ ਭਰੋਸਾ ਜ਼ਾਹਿਰ ਕਰਦੀ ਆ ਰਹੀ ਹੈ। ਆਸ਼ੂ ਬੰਗੜ ਨੇ ਕਿਹਾ ਕਿ ਹਲਕੇ ਦੇ ਹਰ ਪਿੰਡ ਅਤੇ ਸ਼ਹਿਰ 'ਚ ਪਾਰਟੀ ਵਰਕਰ ਘਰ-ਘਰ ਜਾ ਕੇ ਕਾਂਗਰਸ ਦੀਆਂ ਨੀਤੀਆਂ ਅਤੇ ਉਮੀਦਵਾਰ ਦੇ ਹੱਕ ਵਿਚ ਪ੍ਰਚਾਰ ਕਰ ਰਹੇ ਹਨ। ਉਨ੍ਹਾਂ ਵਿਸ਼ਵਾਸ ਜਤਾਇਆ ਕਿ 11 ਨਵੰਬਰ ਦੀ ਚੋਣ ਵਿਚ ਕਾਂਗਰਸ ਪਾਰਟੀ ਭਾਰੀ ਬਹੁਮਤ ਨਾਲ ਜਿੱਤ ਦਰਜ਼ ਕਰੇਗੀ। ਇਸ ਮੌਕੇ ਉਨ੍ਹਾਂ ਦੇ ਨਾਲ ਸਤਨਾਮ ਸਿੰਘ ਢਿੱਲੋਂ ਫਰੀਦੇਵਾਲਾ, ਮਨੀਸ਼ ਕੁਮਾਰ ਸੁਲਹਾਣੀ, ਸੁਲੱਖਣ ਸਿੰਘ ਸੁਲਹਾਣੀ, ਨਛੱਤਰ ਸਿੰਘ ਸੁਰ ਸਿੰਘ ਵਾਲਾ, ਸਾਹਿਬ ਸਿੰਘ ਸੁਰਸਿੰਘ ਵਾਲਾ, ਕੇਵਲ ਸਿੰਘ, ਰਵਿੰਦਰ ਸਿੰਘ ਸੁਰ ਸਿੰਘਵਾਲਾ, ਸਰਪੰਚ ਜੱਸ ਮੋਹਿਤ ਸਿੰਘ ਲੋਹਗੜ੍ਹ, ਕਸ਼ਮੀਰ ਸਿੰਘ ਲੋਹਗੜ੍ਹ, ਰਿੰਪਾ ਭਾਲਾ ਫਰਾਏਮੱਲ, ਧਰਮਿੰਦਰ ਸਿੰਘ ਭਾਲਾ ਫਰਾਏਮੱਲ, ਰਣਧੀਰ ਸਿੰਘ ਧੀਰਾ, ਗੁਰਮੀਤ ਸਿੰਘ ਪੀ.ਏ. ਤਰਨ ਬੁੱਟਰ, ਸਰਪੰਚ ਦਵਿੰਦਰ ਸਿੰਘ ਰਹੀਮੇ ਕੇ, ਗਗਨ ਗਾਮੇ ਵਾਲਾ, ਲਖਵਿੰਦਰ ਸਿੰਘ ਲੱਖਾ ਜੰਬਰ, ਮਨਦੀਪ ਸਿੰਘ ਚੰਗਾਲੀ, ਗੁਰਦਿੱਤ ਸਿੰਘ ਫਰੀਦੇ ਵਾਲਾ, ਚਰਨਜੀਤ ਸਿੰਘ ਮੁਦਕੀ, ਦੇਬੀ ਵੜਿੰਗ, ਗੁਰਮੀਤ ਸਿੰਘ ਮੇਲਾ, ਬਲਵਿੰਦਰ ਸਿੰਘ, ਕਮਲ ਕੁਮਾਰ ਅਗਰਵਾਲ, ਸਵਰਣ ਸਿੰਘ ਰੋਸਾ, ਗੁਰਪ੍ਰੀਤ ਸਿੰਘ ਬਰਾੜ ਆਦਿ ਮੌਜੂਦ ਸਨ।

## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵਲੋਂ ਪੁਲਿਸ ਮਸਲਿਆਂ 'ਤੇ ਐੱਸ. ਪੀ. ਫਿਰੋਜ਼ਪੁਰ ਨੂੰ ਮੰਗ ਪੱਤਰ



ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਪੁਲਿਸ ਮਸਲਿਆਂ 'ਤੇ ਜਾਣਕਾਰੀ ਦਿੰਦੇ ਹੋਏ। ਅਜੀਤ ਤਸਵੀਰ

ਫ਼ਿਰੋਜ਼ਪੁਰ, 28 ਅਕਤੂਬਰ (ਰਾਕੇਸ਼ ਚਾਵਲਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਜ਼ਿਲ੍ਹਾ ਫ਼ਿਰੋਜ਼ਪੁਰ ਇਕਾਈ ਨੇ ਅੱਜ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਅਤੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਦੀ ਅਗਵਾਈ ਹੇਠ ਐੱਸ.ਪੀ.ਡੀ. ਮਨਜੀਤ ਸਿੰਘ ਨੂੰ ਪੁਲਿਸ ਮਸਲਿਆਂ ਸਬੰਧੀ ਮੰਗ ਪੱਤਰ ਸੌਂਪਿਆ। ਐੱਸ.ਐੱਸ.ਪੀ ਫ਼ਿਰੋਜ਼ਪੁਰ ਭੁਪਿੰਦਰ ਸਿੰਘ ਦੀ ਗ਼ੈਰ ਮੌਜੂਦਗੀ ਵਿਚ ਇਹ ਮੀਟਿੰਗ ਹੋਈ। ਜ਼ਿਲ੍ਹਾ ਸਕੱਤਰ ਡਾ. ਗੁਰਮੇਲ ਸਿੰਘ ਫੱਤੇਵਾਲਾ ਅਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਹਰਫੂਲ ਸਿੰਘ ਦੂਲੇਵਾਲਾ ਨੇ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਵਿਚ ਕਿਸਾਨਾਂ-ਮਜ਼ਦੂਰਾਂ ਦੇ ਅਨੇਕਾਂ ਕੇਸ ਲੰਮੇ ਸਮੇਂ ਤੋਂ ਲਟਕ ਰਹੇ ਹਨ ਅਤੇ ਡੀ.ਐੱਸ.ਪੀਜ਼ ਵਲੋਂ ਭਰੋਸਾ ਮਿਲਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਹੋਈ। ਇਸ ਲਈ ਹਰੇਕ ਥਾਣੇ ਨਾਲ ਸਬੰਧਿਤ ਲਟਕਦੇ ਮਸਲਿਆਂ ਬਾਰੇ ਵੇਰਵੇ ਸਹਿਤ ਮੰਗ ਪੱਤਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀਆਂ ਮੰਗਾਂ ਜਿਵੇਂ ਕਿ ਪ੍ਰਦੂਸ਼ਣ ਦੇ ਨਾਂ 'ਤੇ ਕਿਸਾਨਾਂ 'ਤੇ ਦਰਜ ਕੀਤੇ ਗਏ ਪਰਚੇ ਅਤੇ ਜੁਰਮਾਨੇ ਤੁਰੰਤ ਰੱਦ ਕੀਤੇ ਜਾਣ, ਥਾਣਾ ਮੱਖੂ ਨਾਲ ਸਬੰਧਿਤ ਐੱਫ.ਆਈ.ਆਰ. ਨੰਬਰ 122/23 (ਐੱਸ.ਡੀ.ਓ. ਹਰੀਕੇ ਹੈੱਡ ਵਰਕਸ ਵਲੋਂ ਕਰਵਾਇਆ) ਅਤੇ ਥਾਣਾ ਮੱਲਾਂਵਾਲਾ ਦਾ ਐੱਫ.ਆਈ.ਆਰ. ਨੰਬਰ 74/25 ਸਮੇਤ ਕਈ ਹੋਰ ਝੂਠੇ ਪਰਚੇ ਖ਼ਾਰਜ ਕੀਤੇ ਜਾਣ, ਥਾਣਾ ਸਦਰ ਜ਼ੀਰਾ ਦੀ ਐੱਫ.ਆਈ.ਆਰ. ਨੰਬਰ 153/25 ਵਿਚ ਜਗਸੀਰ ਸਿੰਘ 'ਤੇ ਜਾਨਲੇਵਾ ਹਮਲਾ ਕਰਨ ਵਾਲੇ ਅਸਲ ਦੋਸ਼ੀਆਂ 'ਤੇ ਬਣਦੀ ਕਾਰਵਾਈ ਕੀਤੀ ਜਾਵੇ, ਥਾਣਾ ਗੁਰੂਹਰਸਹਾਏ ਦੇ ਐੱਸ.ਐੱਚ.ਓ. ਨੂੰ ਨਜਾਇਜ਼ ਹਿਰਾਸਤ ਵਿਚ ਰੱਖਣ ਲਈ ਸਸਪੈਂਡ ਕਰਕੇ ਵਿਭਾਗੀ ਕਾਰਵਾਈ ਕੀਤੀ ਜਾਵੇ, ਡੀ.ਐੱਸ.ਪੀ. ਵੱਲੋਂ ਰਾਜਕੁਮਾਰ ਰਾਹੀਂ ਰਿਸ਼ਵਤ ਲੈਣ ਸਬੰਧੀ ਕਾਰਵਾਈ ਕੀਤੀ ਜਾਵੇ। ਐੱਸ.ਪੀ. ਮਨਜੀਤ ਸਿੰਘ ਨੇ ਆਗੂਆਂ ਨੂੰ ਮਸਲਿਆਂ 'ਤੇ ਗ਼ੌਰ ਕਰਕੇ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ।ਜਥੇਬੰਦੀ ਨੇ ਚੇਤਾਵਨੀ ਦਿੱਤੀ ਕਿ ਜੇ ਮਸਲੇ ਹੱਲ ਨਾ ਹੋਏ ਤਾਂ ਨਵੰਬਰ ਦੇ ਪਹਿਲੇ ਹਫ਼ਤੇ ਐੱਸ.ਐੱਸ.ਪੀ. ਦਫ਼ਤਰ ਅੱਗੇ ਧਰਨਾ ਲਾਉਣ ਦਾ ਐਲਾਨ ਕੀਤਾ ਜਾਵੇਗਾ। ਜਿਸ ਦੀ ਜ਼ਿੰਮੇਵਾਰੀ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਹੋਰ ਜ਼ਿਲ੍ਹਾ ਅਤੇ ਜ਼ੋਨ ਆਗੂ ਵੀ ਮੌਜੂਦ ਸਨ।



ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਜ਼ਿਲ੍ਹਾ ਫਿਰੋਜ਼ਪੁਰ ਦੇ ਮੈਂਬਰ ਜੇ. ਈ ਨੂੰ ਮੰਗ ਪੱਤਰ ਸੌਂਪਦੇ ਹੋਏ। ਅਜੀਤ ਤਸਵੀਰ

## ਭਾਕਿਯੂ ਏਕਤਾ ਸਿੱਧੂਪੁਰ ਜ਼ਿਲ੍ਹਾ ਫਿਰੋਜ਼ਪੁਰ ਜੇ. ਈ ਨੂੰ ਮੰਗ ਪੱਤਰ ਸੌਂਪਿਆ

ਫ਼ਿਰੋਜ਼ਪੁਰ, 28 ਅਕਤੂਬਰ (ਰਾਕੇਸ਼ ਚਾਵਲਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਜਸਵਿੰਦਰ ਸਿੰਘ ਵਿਰਕ ਜ਼ਿਲ੍ਹਾ ਪ੍ਰਧਾਨ (ਪੱਛਮੀ) ਦੀ ਅਗਵਾਈ ਵਿਚ ਜੀ.ਏ. ਰਾਹੀਂ ਮੁੱਖ ਮੰਤਰੀ ਪੰਜਾਬ ਸਰਕਾਰ ਨੂੰ ਇਕ ਮੰਗ ਪੱਤਰ ਭੇਜਿਆ ਗਿਆ ਕਿ ਝੋਨੇ ਦੀ ਪਰਾਲੀ ਲਈ ਪੰਜਾਬ ਸਰਕਾਰ/ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜੋ ਪਰਾਲੀ ਦੀਆ ਗੱਠਾਂ ਬਣਾਉਣ ਲਈ ਜੋ ਬੈਲਰ ਦਿੱਤੇ ਹੋਏ ਹਨ। ਉਹ ਨਾ ਕਾਫ਼ੀ ਹਨ, ਰਕਬਾ ਬਹੁਤ ਜ਼ਿਆਦਾ ਹੈ। ਜਿਸ ਕਾਰਨ ਝੋਨੇ ਦੀ ਪਰਾਲੀ ਪੂਰਨ ਤੌਰ 'ਤੇ ਇਕੱਤਰ ਕਰਨੀ ਅਸੰਭਵ ਹੈ। ਡੀ.ਏ.ਪੀ. ਖਾਦ ਦੀ ਪੂਰਤੀ ਜਲਦ ਤੋਂ ਜਲਦ ਕਰਵਾਈ ਜਾਵੇ ਤਾਂ ਜੋ ਕਿਸਾਨ ਸਮੇਂ ਸਿਰ ਕਣਕ ਦੀ ਬਿਜਾਈ ਕਰ ਸਕਣ। ਇਸ ਮੌਕੇ ਗੁਰਮੀਤ ਸਿੰਘ ਘੋੜੇ ਚੱਕ ਸੀਨੀਅਰ ਆਗੂ, ਪਰਮਜੀਤ ਸਿੰਘ ਭੁੱਲਰ ਜ਼ਿਲ੍ਹਾ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਬਲਾਕ ਪ੍ਰਧਾਨ ਮਮਦੋਟ, ਲਖਵਿੰਦਰ ਸਿੰਘ ਭੁੱਲਰ ਯੂਥ ਆਗੂ ਫ਼ਿਰੋਜ਼ਪੁਰ, ਬਲਜਿੰਦਰ ਸਿੰਘ ਕਿੱਲੀ ਬਲਾਕ ਪ੍ਰਧਾਨ ਲੱਖੋ ਕੇ ਬਹਿਰਾਮ, ਕੁਲਵੰਤ ਸਿੰਘ ਇਕਾਈ ਪ੍ਰਧਾਨ ਗ਼ੁਲਾਮੀ ਵਾਲਾ, ਗੁਲਾਬ ਸਿੰਘ ਇਕਾਈ ਪ੍ਰਧਾਨ ਫੱਤੂ ਵਾਲਾ ਅਤੇ ਹੋਰ ਵੀ ਕਿਸਾਨ ਹਾਜ਼ਰ ਸਨ।

## ਹਲਕਾ ਫ਼ਿਰੋਜ਼ਪੁਰ ਦਿਹਾਤੀ 'ਚ ਕਾਂਗਰਸ ਦੀ ਮਜ਼ਬੂਤੀ ਨਵੀਂ ਮੰਜ਼ਿਲ 'ਤੇ ਪਹੁੰਚ ਚੁੱਕੀ ਹੈ-ਕਾਂਗਰਸੀ ਆਗੂ

ਮੁੱਦਕੀ, 28 ਅਕਤੂਬਰ (ਅਗਰਵਾਲ)-ਦਿਖਾਵੇ ਦੀ ਰਾਜਨੀਤੀ ਨੂੰ ਨਕਾਰ ਹਮੇਸ਼ਾ ਲੋਕ ਹਿਤਾਂ ਦੀ ਰੱਖਿਆ ਲਈ ਕੰਮ ਕਰਦੀ ਆਈ ਕਾਂਗਰਸ ਪਾਰਟੀ ਹੀ ਪੰਜਾਬ ਦੀ ਅਗਵਾਈ ਕਰ ਸਕਦੀ ਹੈ, ਕਿਉਂਕਿ ਕਾਂਗਰਸ ਪਾਰਟੀ ਅੱਜ ਵੀ ਲੋਕਾਂ ਦੇ ਦਿਲਾਂ 'ਚ ਵੱਸਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਰਣਜੀਤ ਸਿੰਘ ਰਾਣਾ ਗਿੱਲ ਸੀਨੀਅਰ ਕਾਂਗਰਸੀ ਆਗੂ, ਪਰਮਜੀਤ ਸਿੰਘ ਬਰਾੜ, ਗੁਰਲਿਗਤ ਸਿੰਘ ਬਰਾੜ, ਸੁਖਚੈਨ ਸਿੰਘ ਖੋਸਾ ਸਾਬਕਾ ਬਲਾਕ ਪ੍ਰਧਾਨ ਮੁੱਦਕੀ, ਸੁਖਦੀਪ ਸਿੰਘ ਨੰਬਰਦਾਰ ਤੇ ਮਨਪ੍ਰੀਤ ਸਿੰਘ ਬਰਾੜ ਮਿਰਜੇ ਕਿ ਆਦਿ ਨੇ ਕਰਦਿਆਂ ਕਿਹਾ ਕਿ ਹਲਕਾ ਫ਼ਿਰੋਜ਼ਪੁਰ ਦਿਹਾਤੀ 'ਚ ਕਾਂਗਰਸ ਦੀ ਮਜ਼ਬੂਤੀ ਨਵੀਂ ਮੰਜ਼ਿਲ 'ਤੇ ਪਹੁੰਚ ਚੁੱਕੀ ਹੈ, ਜਿਸ ਦੀ ਮਜ਼ਬੂਤੀ ਦਾ ਮੁੱਖ ਸ਼੍ਰੋਤ ਇੰਚਾਰਜ ਕਾਂਗਰਸ ਹਲਕਾ ਦਿਹਾਤੀ ਅਮਰਦੀਪ ਸਿੰਘ ਆਸ਼ੂ ਬੰਗੜ ਦੀ ਮਜ਼ਬੂਤ ਅਗਵਾਈ ਹੈ। ਉਨ੍ਹਾਂ ਕਿਹਾ ਕਿ ਆਸ਼ੂ ਬੰਗੜ ਹਮੇਸ਼ਾ ਲੋਕਾਂ ਨਾਲ ਜੁੜ ਕੇ ਕੰਮ ਕਰਦੇ ਹਨ ਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਸਭਨਾਂ ਦੇ ਦੁੱਖ-ਤਕਲੀਫ਼ 'ਚ ਸ਼ਾਮਿਲ ਹੁੰਦੇ ਹਨ। ਕਾਂਗਰਸ ਆਗੂਆਂ ਨੇ ਕਿਹਾ ਕਿ ਸ੍ਰੀ ਆਸ਼ੂ ਬੰਗੜ ਦੀ ਦਿਹਾਤੀ ਹਲਕੇ 'ਚ ਚੰਗੀ ਪੱਕੜ ਅਤੇ ਮਜ਼ਬੂਤ ਇਰਾਦੇ ਵਿਧਾਨ ਸਭਾ 2027 'ਚ ਕਾਂਗਰਸ ਪਾਰਟੀ ਨੂੰ ਇਕ ਵੱਡੀ ਜਿੱਤ ਦਿਵਾਉਣਗੇ, ਕਿਉਂਕਿ ਲੋਕਾਂ ਦਾ ਸਭਨਾਂ ਪਾਰਟੀਆਂ ਤੋਂ ਮੋਹ ਭੰਗ ਹੋ ਚੁੱਕਾ ਹੈ।



ਕਿਸਾਨਾਂ ਦੀਆਂ ਮੰਗਾਂ ਸੰਬੰਧੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਮੰਗ ਪੱਤਰ ਸੌਂਪਦੇ ਹੋਏ ਜੱਟ ਭਾਈਚਾਰੇ ਦੇ ਸੇਵਾਦਾਰ। ਅਜੀਤ ਤਸਵੀਰ

## ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ ਦੇ ਸੇਵਾਦਾਰਾਂ ਵਲੋਂ ਪਰਾਲੀ ਅਤੇ ਡੀ.ਏ.ਪੀ ਦੇ ਮੁੱਦੇ 'ਤੇ ਵਧੀਕ ਡਿਪਟੀ ਕਮਿਸ਼ਨਰ ਨਾਲ ਮੁਲਾਕਾਤ

ਗੁਰੂਹਰਸਹਾਏ 28 ਅਕਤੂਬਰ (ਹਰਚਰਨ ਸਿੰਘ ਸੰਧੂ)-ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ ਦੇ ਸੇਵਾਦਾਰਾਂ ਵਲੋਂ ਸਿਮਰਜੀਤ ਸਿੰਘ ਸੰਧੂ ਜੰਗ ਅਤੇ ਸਾਰਜ ਸਿੰਘ ਸੰਧੂ ਸਾਬਕਾ ਸਰਪੰਚ ਝੋਕ ਟਹਿਲ ਸਿੰਘ ਦੀ ਅਗਵਾਈ 'ਚ ਪ੍ਰਸ਼ਾਸਨ ਨੂੰ ਮੰਗ ਪੱਤਰ ਦਿੱਤਾ। ਜਿਸ 'ਚ ਜਥੇਬੰਦੀ ਦੇ ਸੇਵਾਦਾਰਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਜੋ ਛੋਟੇ ਕਿਸਾਨ ਹਨ। ਜਿਨ੍ਹਾਂ ਕੋਲ ਏਕੜ, ਦੋ-ਦੋ ਏਕੜ ਜ਼ਮੀਨ ਹੈ। ਉਹਨਾਂ ਕੋਲ ਨਾਂ ਤਾਂ ਵੱਡੇ ਸੰਦ ਹਨ ਨਾਂ ਸੁਪਰਸੀਡਰ ਹਨ, ਨਾਂ ਕੋਈ ਪਰਾਲੀ ਗਾਲਣ ਦੇ ਪ੍ਰਬੰਧ ਹਨ। ਇਹ ਬਹੁਤ ਵੱਡੀ ਸਮੱਸਿਆ ਹੈ ਅਤੇ ਕੁਝ ਬੇਲਰਾਂ ਵਾਲੇ ਵੀ ਕਿਸਾਨਾਂ ਤੋਂ ਪਰਾਲੀ ਚੁੱਕਣ ਦੇ 1500 ਰੁਪਏ ਏਕੜ ਦੀ ਮੰਗ ਰਹੇ ਹਨ। ਇਸ 'ਚ ਜਥੇਬੰਦੀ ਦੇ ਸੇਵਾਦਾਰਾਂ ਦੀ ਮੰਗ 'ਤੇ ਏ.ਡੀ.ਸੀ ਫ਼ਿਰੋਜ਼ਪੁਰ ਨੇ ਹੁਕਮ ਜਾਰੀ ਕਰਦਿਆਂ ਤੁਰੰਤ ਹੀ ਖੇਤੀਬਾੜੀ ਅਫਸਰ ਨੂੰ ਪਿੰਡ ਜੰਗ, ਝੋਕ ਟਹਿਲ ਸਿੰਘ, ਝੋਕ ਮੋਹੜੇ, ਤੂਰ, ਬੁੱਟਰ, ਮਾਛੀਵਾੜਾ ਵਿਖੇ ਸਰਕਾਰ ਵਲੋਂ ਬੇਲਰ ਭੇਜੇ ਜਾਣ ਵਾਸਤੇ ਹਦਾਇਤਾਂ ਜਾਰੀ ਕੀਤੀਆਂ ਨਾਲ ਹੀ ਦੂਜੀ ਵੱਡੀ ਮੰਗ 'ਚ ਪਿੰਡ ਦਾਖਲੀ ਪੱਲਾ ਮੇਘਾ ਦੇ ਹੜ੍ਹ ਪੀੜਿਤ ਕਿਸਾਨਾਂ ਵਾਸਤੇ, 200 ਬੈਗ ਡੀ.ਏ.ਪੀ ਤੁਰੰਤ ਮੁਹੱਈਆ ਕਰਨ ਵਾਸਤੇ ਵੀ ਖੇਤੀਬਾੜੀ ਅਫਸਰ ਨੂੰ ਹਦਾਇਤ ਜਾਰੀ ਕੀਤੀ। ਇਸ 'ਤੇ ਸਮੂਹ ਜਥੇਬੰਦੀ ਸੇਵਾਦਾਰਾਂ ਵਲੋਂ ਫ਼ਿਰੋਜ਼ਪੁਰ ਪ੍ਰਸ਼ਾਸਨ ਦਾ ਦੋਵੇਂ ਮੰਗਾਂ ਹੱਲ ਕਰਨ ਵਾਸਤੇ ਧੰਨਵਾਦ ਕੀਤਾ। ਇਸ ਸਮੇਂ ਜਥੇਬੰਦੀ ਦੇ ਸੇਵਾਦਾਰ ਸਿਮਰਜੀਤ ਸਿੰਘ ਸੰਧੂ ਜੰਗ, ਸਾਰਜ ਸਿੰਘ ਸੰਧੂ ਸਾਬਕਾ ਸਰਪੰਚ ਝੋਕ ਟਹਿਲ ਸਿੰਘ, ਸੁਖਮੰਦਰ ਸਿੰਘ ਸਰਪੰਚ ਝੋਕ ਟਹਿਲ ਸਿੰਘ, ਬੋਹੜ ਸਿੰਘ ਸਿੱਧੂ ਸਰਪੰਚ ਰਾਊਕੇ, ਬਲਜੀਤ ਸਿੰਘ ਸੰਧੂ ਦਾਖਲੀ ਪੱਲਾ ਮੇਘਾ, ਦਿਲਪ੍ਰੀਤ ਸਿੰਘ ਸਿੱਧੂ ਪਿੰਡ ਕਿਲਚੇ ਹਾਜ਼ਰ ਸਨ।

## ਪੰਜਾਬ ਯੂਨੀਵਰਸਿਟੀ ਵਲੋਂ ਗੁਰੂ ਤੇਗ਼ ਬਹਾਦਰ ਜੀ ਦੇ ਸ਼ਹੀਦੀ ਸੈਮੀਨਾਰ ਨੂੰ ਮਨਜ਼ੂਰੀ ਦੇਣ ਤੋਂ ਇਨਕਾਰ ਕਰਨਾ ਮੰਦਭਾਗਾ-ਕਰਨੈਲ ਸਿੰਘ ਪੀਰ ਮੁਹੰਮਦ



ਮੱਖੂ, 28 ਅਕਤੂਬਰ (ਵਰਿੰਦਰ ਮਨਚੰਦਾ)- ਪੰਜਾਬ ਯੂਨੀਵਰਸਿਟੀ 'ਚ 27 ਅਕਤੂਬਰ 2025 ਨੂੰ ਵਿਦਿਆਰਥੀ ਜਥੇਬੰਦੀ ਸੱਥ ਵਲੋਂ ਜੋ ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ ਉਲੀਕਿਆ ਗਿਆ ਸੀ, ਪਰ ਪੰਜਾਬ ਯੂਨੀਵਰਸਿਟੀ ਪ੍ਰਸ਼ਾਸਨ ਨੇ ਇਸ ਸੈਮੀਨਾਰ ਨੂੰ ਪ੍ਰਵਾਨਗੀ ਦੇਣ ਤੋਂ ਇਨਕਾਰ ਕਰ ਦਿੱਤਾ। ਜੋ ਕਿ ਬਹੁਤ ਹੀ ਮੰਦਭਾਗਾ ਹੈ, ਜਿਸ ਦੀ ਜਿੰਨੀ ਨਿਖੇਧੀ ਕੀਤੀ ਜਾਵੇ ਘੱਟ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਭਾਈ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤੀ) ਦੇ ਮੈਂਬਰ ਵਰਕਿੰਗ ਕਮੇਟੀ ਜਥੇਦਾਰ ਗੁਰਿੰਦਰ ਸਿੰਘ ਗੋਗੀ ਨੇ ਕੀਤਾ। ਉਨ੍ਹਾਂ ਕਿਹਾ ਕਿ ਜਿੱਥੇ ਸਾਰਾ ਸੰਸਾਰ ਤਿਲਕ ਜੰਞੂ ਦੇ ਰਾਖੇ ਹਿੰਦ ਦੀ ਚਾਦਰ ਨੌਵੇਂ ਗੁਰੂ ਧੰਨ-ਧੰਨ ਸਾਹਿਬ ਸ਼੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਜਿਨ੍ਹਾਂ ਨੇ ਕਸ਼ਮੀਰ ਦੇ ਪੰਡਤਾਂ ਦੇ ਤਿਲਕ, ਜੰਞੂ ਤੇ ਮਨੁੱਖਤਾ ਦੀ ਰੱਖਿਆ ਦੇ ਲਈ ਕੁਰਬਾਨੀ ਦਿੱਤੀ ਤੇ ਉਨ੍ਹਾਂ ਦੀ ਸ਼ਹੀਦੀ ਸ਼ਤਾਬਦੀ ਜਿੱਥੇ ਪੂਰੇ ਸੰਸਾਰ ਭਰ 'ਚ ਬਹੁਤ ਹੀ ਸ਼ਰਧਾਪੂਰਵਕ ਮਨਾਈ ਜਾ ਰਹੀ ਹੈ ਉੱਥੇ ਹੀ ਪੰਜਾਬ ਯੂਨੀਵਰਸਿਟੀ ਵਲੋਂ ਯੂਨੀਵਰਸਿਟੀ ਵਿਖੇ ਇਕ ਵਿਦਿਆਰਥੀ ਜਥੇਬੰਦੀ ਵਲੋਂ ਕਰਵਾਏ ਜਾ ਰਹੇ ਸੈਮੀਨਾਰ ਨੂੰ ਰੋਕਣਾ ਤੇ ਸੈਮੀਨਾਰ ਲਈ ਯੋਗ ਥਾਂ ਨਾ ਦੇਣਾ ਯੂਨੀਵਰਸਿਟੀ ਦੇ ਪ੍ਰਬੰਧਕਾਂ ਲਈ ਬਹੁਤ ਹੀ ਮਾੜੀ ਗੱਲ ਹੈ। ਇਸ ਮੌਕੇ ਜਥੇਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਯੂਨੀਵਰਸਿਟੀ ਦੇ ਪ੍ਰਬੰਧਕਾਂ ਨੂੰ ਆਪਣੇ ਫ਼ੈਸਲਾ ਵਾਪਸ ਲੈ ਕੇ ਅਤੇ ਸੈਮੀਨਾਰ ਕਰਵਾਉਣ ਲਈ ਥਾਂ ਦੇਣੀ ਚਾਹੀਦੀ ਹੈ ਤਾਂ ਜੋ ਸ਼੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਯੂਨੀਵਰਸਿਟੀ ਪ੍ਰਬੰਧਕਾਂ ਨੇ ਸੈਮੀਨਾਰ ਲਈ ਥਾਂ ਜਲਦ ਮੁਹੱਈਆ ਨਾ ਕਰਵਾਈ ਗਈ ਤਾਂ ਯੂਨੀਵਰਸਿਟੀ ਦੇ ਪ੍ਰਬੰਧਕਾਂ ਖ਼ਿਲਾਫ਼ ਸੰਘਰਸ਼ ਆਰੰਭ ਕਰਨਾ ਪਵੇਗਾ ਅਤੇ ਇਹ ਸੰਘਰਸ਼ ਯੂਨੀਵਰਸਿਟੀ 'ਚ ਸੈਮੀਨਾਰ ਨਾ ਹੋਣ ਤੱਕ ਜਾਰੀ ਰਹੇਗਾ।



ਦੂਸਰੇ ਫ਼ਿਲਮ ਫ਼ੈਸਟੀਵਲ ਵਿਖੇ ਡਾਕਟਰ ਅਤੇ ਅਦਾਕਾਰ ਡਾ: ਸਤੀਸ਼ ਠੁਕਰਾਲ ਨੂੰ ਸਨਮਾਨਿਤ ਕਰਦੇ ਹੋਏ ਸੰਸਥਾ ਦੇ ਆਗੂ। ਅਜੀਤ ਤਸਵੀਰ

## ਦੂਸਰੇ ਫ਼ਿਲਮ ਫ਼ੈਸਟੀਵਲ ਵਿਖੇ ਡਾਕਟਰ ਅਤੇ ਅਦਾਕਾਰ ਡਾ. ਸਤੀਸ਼ ਠੁਕਰਾਲ ਸਨਮਾਨਿਤ

ਮੱਖੂ, 28 ਅਕਤੂਬਰ (ਵਰਿੰਦਰ ਮਨਚੰਦਾ)- ਦੂਸਰੇ ਅੰਤਰਰਾਸ਼ਟਰੀ ਫ਼ਿਲਮ ਸਮਾਗਮ ਵਿਚ ਸਿਨੇਮਾ ਜਗਤ ਨਾਲ ਜੁੜੇ ਹੋਰਨਾਂ ਅਦਾਕਾਰਾਂ ਅਤੇ ਤਕਨੀਸ਼ੀਅਨਾਂ ਨਾਲ ਕਸਬਾ ਮੱਖੂ ਦੇ ਸੀਨੀਅਰ ਡਾਕਟਰ ਅਤੇ ਸਿਨੇਮਾ ਅਦਾਕਾਰ ਡਾ. ਸਤੀਸ਼ ਠੁਕਰਾਲ ਨੂੰ ਸਨਮਾਨਿਤ ਕੀਤਾ ਗਿਆ। ਸਨਮਾਨ ਸਮਾਰੋਹ 'ਚ ਬਠਿੰਡਾ ਸ਼ਹਿਰ ਦੇ ਮੇਅਰ ਤੋਂ ਇਲਾਵਾ ਡਾਇਰੈਕਟਰ ਦੇਵੀ ਸ਼ਰਮਾ, ਖੁਸ਼ਬੂ ਸ਼ਰਮਾ, ਜਗਤਾਰ ਸਿੰਘ ਭੰਗੂ, ਡਾ: ਬਲਜੀਤ ਸਿੰਘ, ਬਾਲੀਵੁੱਡ ਅਦਾਕਾਰ ਹਰਜੀਤ ਵਾਲੀਆ (ਬੇਟਾ, ਕ੍ਰੋਧ ਫੇਮ), ਅਦਾਕਾਰ ਅਸ਼ੋਕ ਕਾਲੜਾ, ਨਰਪਿੰਦਰ ਗੱਖੜ, ਸੀਨੀਅਰ ਅਦਾਕਾਰਾ ਸੁਸ਼ਮਿਤਾ, ਪੰਜਾਬੀ ਫ਼ਿਲਮ ਸਕਰੀਨ ਮੈਗਜ਼ੀਨ ਦੇ ਐਡੀਟਰ ਦਲਜੀਤ ਸਿੰਘ ਅਰੋੜਾ, ਆਰਟ ਡਾਇਰੈਕਟਰ ਤੀਰਥ ਗਿੱਲ, ਸਾਬਕਾ ਸੰਸਦੀ ਸਕੱਤਰ ਸਰੂਪ ਚੰਦ ਸਿੰਗਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਕਲਾਕਾਰ ਅਤੇ ਸਥਾਨਕ ਦਰਸ਼ਕ ਹਾਜ਼ਰ ਸਨ। ਦੱਸਣਯੋਗ ਹੈ ਕਿ ਡਾ: ਸਤੀਸ਼ ਠੁਕਰਾਲ ਡਾਕਟਰੀ ਖੇਤਰ ਦੇ ਨਾਲ-ਨਾਲ ਸਾਹਿੱਤ ਅਤੇ ਮਨੋਰੰਜਨ ਜਗਤ ਵਿਚ ਵੀ ਪੂਰੀ ਤਰ੍ਹਾਂ ਸਰਗਰਮ ਹਨ। ਹੁਣ ਤੱਕ ਉਨ੍ਹਾਂ 10 ਪੁਸਤਕਾਂ ਦਾ ਯੋਗਦਾਨ ਪੰਜਾਬੀ ਸਾਹਿੱਤ ਵਿਚ ਪਾਉਣ ਵਾਲੇ ਸਤੀਸ਼ ਠੁਕਰਾਲ ਜਿੱਥੇ ਦੂਰਦਰਸ਼ਨ ਦੇ ਕਈ ਪ੍ਰੋਗਰਾਮਾਂ ਦਾ ਹਿੱਸਾ ਬਣਦੇ ਰਹਿੰਦੇ ਹਨ। ਉੱਥੇ 'ਅੱਜ ਦੇ ਰਾਂਝੇ, ਹਾਈਵੇ, ਦਾ ਬਲੱਡ ਸਟਰੀਟ, ਤੂਫ਼ਾਨ ਸਿੰਘ, ਹਿਜਰਤ, ਮੈਨੂੰ ਪਿਆਰ ਕਰਦੀਏ ਕੁੜੀਏ, ਗੁਰਮੁੱਖ, ਰੋਜ਼ ਰੋਜ਼ੀ ਐਂਡ ਗੁਲਾਬ ਆਦਿ ਫ਼ਿਲਮਾਂ ਵਿਚ ਆਪਣੀ ਅਦਾਕਾਰੀ ਦੇ ਰੰਗ ਵਿਖਾ ਚੁੱਕੇ ਹਨ।

## ਤਰਨ ਤਾਰਨ ਤੋਂ ਕਾਂਗਰਸੀ ਉਮੀਦਵਾਰ ਰਹੇਗਾ ਜੇਤੂ-ਸ਼ਰਮਾ



ਮੱਖੂ, 28 ਅਕਤੂਬਰ (ਕੁਲਵਿੰਦਰ ਸਿੰਘ ਸੰਧੂ)-ਹਲਕਾ ਤਰਨ ਤਾਰਨ ਤੋਂ ਹੋ ਰਹੀ ਜ਼ਿਮਨੀ ਚੋਣ 'ਚ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਵੱਡੇ ਫ਼ਰਕ ਨਾਲ ਇਹ ਸੀਟ ਜਿੱਤ ਕੇ ਕਾਂਗਰਸ ਦੀ ਝੋਲੀ ਵਿਚ ਪਾਵੇਗਾ, ਕਿਉਂਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੰਜਾਬ ਦਾ ਹਰ ਵਰਗ ਦੁਖੀ ਨਜ਼ਰ ਆ ਰਿਹਾ ਹੈ। ਇਹ ਪ੍ਰਗਟਾਵਾ ਸ਼ਿਵ ਸਾਗਰ ਸ਼ਰਮਾ ਪ੍ਰਧਾਨ (ਸ਼ਹਿਰੀ) ਕਾਂਗਰਸ ਕਮੇਟੀ ਬਲਾਕ ਮੱਖੂ ਨੇ ਇੱਥੇ ਕੀਤਾ। ਉਨ੍ਹਾਂ ਕਿਹਾ ਕਿ ਇਕ ਕਾਂਗਰਸ ਪਾਰਟੀ ਹੀ ਹੈ ਜਿਸ 'ਤੇ ਪੰਜਾਬ ਦੀ ਜਨਤਾ ਭਰੋਸਾ ਕਰਦੀ ਹੈ ਅਤੇ 27 'ਚ ਪੰਜਾਬ ਦੇ ਲੋਕ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਲਈ ਤਿਆਰ ਬੈਠੇ ਹਨ। ਪ੍ਰਧਾਨ ਸ਼ਿਵ ਕੁਮਾਰ ਸ਼ਰਮਾ ਨੇ ਕਿਹਾ ਕਿ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਪ੍ਰਧਾਨ ਕਾਂਗਰਸ ਕਮੇਟੀ ਜ਼ਿਲ੍ਹਾ ਫਿਰੋਜ਼ਪੁਰ ਦੀ ਅਗਵਾਈ ਵਿਚ ਤਰਨ ਤਾਰਨ ਹਲਕੇ ਦੇ ਕਾਂਗਰਸੀ ਵਰਕਰਾਂ ਦੇ ਨਾਲ ਮਿਲ ਕੇ ਘਰ-ਘਰ ਜਾ ਕੇ ਵੋਟਾਂ ਦੀ ਮੰਗ ਕਰ ਰਹੇ ਹਾਂ। ਲੋਕਾਂ ਦਾ ਕਾਂਗਰਸ ਪਾਰਟੀ ਪ੍ਰਤੀ ਪੂਰਾ ਉਤਸ਼ਾਹ ਹੈ ਅਤੇ ਤਰਨ ਤਾਰਨ ਦੇ ਲੋਕ ਵੋਟਾਂ ਪਾ ਕੇ ਕਾਂਗਰਸ ਦੀ ਜਿੱਤ ਯਕੀਨੀ ਬਣਾਉਣਗੇ ਅਤੇ ਕਾਂਗਰਸ ਪਾਰਟੀ ਦਾ ਝੰਡਾ ਬੁਲੰਦ ਕਰਨਗੇ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਦੇ ਮੁੱਦਿਆਂ ਦੀ ਕਿਸੇ ਪਾਰਟੀ ਨੇ ਗੱਲ ਕੀਤੀ ਹੈ ਤਾਂ ਉਹ ਸਿਰਫ਼ ਕਾਂਗਰਸ ਪਾਰਟੀ ਹੀ ਹੈ।

## ਖੇਤੀਬਾੜੀ ਦਫਤਰ ਗੁਰੂਹਰਸਹਾਏ ਨੇ ਵੰਡਿਆ ਕਣਕ ਦਾ ਬੀਜ

ਗੁਰੂਹਰਸਹਾਏ, 28 ਅਕਤੂਬਰ (ਹਰਚਰਨ ਸਿੰਘ ਸੰਧੂ)-ਬਲਾਕ ਖੇਤੀਬਾੜੀ ਦਫਤਰ ਗੁਰੂਹਰਸਹਾਏ ਵਿਖੇ ਸਬਸਿਡੀ ਵਾਲੇ ਕਣਕ ਦੇ ਬੀਜ ਦੀ ਵੰਡੇ ਗਏ। ਇਸ ਸਬੰਧੀ ਅਧਿਕਾਰੀ ਅਤੇ ਕਰਮਚਾਰੀ ਖੇਤੀਬਾੜੀ ਵਿਕਾਸ ਅਫ਼ਸਰਾਂ ਅਮਨਦੀਪ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਹੋਇਆ ਦੱਸਿਆ ਪੀ.ਬੀ.ਡਬਲਯੂ 826 ਅਤੇ ਡੀ.ਬੀ.ਡਬਲਯੂ 222 ਦਾ ਬੀਜ ਪੰਜਾਬ ਸਰਕਾਰ ਵਲੋਂ ਹੜ੍ਹ ਪੀੜਤਾਂ ਲਈ ਮੁਫ਼ਤ ਅਤੇ ਦੂਜੇ ਬਾਕੀ ਕਿਸਾਨਾਂ ਲਈ 50 %ਫੀਸਦੀ ਸਬਸਿਡੀ ਤੇ 800 ਰੁਪਏ ਪ੍ਰਤੀ ਗੱਟਾ ਕਿਸਾਨਾਂ ਲਈ ਮੁਹੱਈਆ ਕਰਵਾਇਆ ਜਾ ਰਿਹਾ ਹੈ। ਸਬਸਿਡੀ ਵਾਲੇ ਬੀਜ ਦਾ ਬਲਾਕ ਅਧੀਨ ਪਿੰਡਾਂ ਦੇ ਕਿਸਾਨਾਂ ਵਲੋਂ ਪੂਰਾ ਲਾਭ ਲਿਆ ਜਾ ਰਿਹਾ ਹੈ। ਇੱਥੇ ਮੌਜੂਦ ਕਿਸਾਨਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਵੀ ਕੀਤਾ। ਦਫਤਰ ਵਿਚ ਬੀਜ ਦਾ ਲੇਖਾ ਅਤੇ ਵੰਡ ਖੇਤੀਬਾੜੀ ਉਪ ਨਿਰੀਖਕ ਓਮ ਪ੍ਰਕਾਸ਼ ਅਤੇ ਜਸਵਿੰਦਰ ਸਿੰਘ ਦੁਆਰਾ ਕੀਤੀ ਜਾ ਰਹੀ ਹੈ।



ਸਬਸਿਡੀ ਵਾਲੇ ਬੀਜਾਂ ਦੀ ਵੰਡ ਕਰਦੇ ਹੋਏ ਖੇਤੀਬਾੜੀ ਅਧਿਕਾਰੀ। ਤਸਵੀਰ-ਸੰਧੂ